# ਗੁਰ ਨਾਨਕ ਕੀ ਵਡਿਆਈ

ਮਿਤੀ 7.11.2019 ਨੂੰ ਪੰਜਾਬੀ ਵਿਭਾਗ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਗੁਰ ਨਾਨਕ ਕੀ ਵਡਿਆਈ' ਪ੍ਰੋਗਰਾਮ ਕਰਵਾਇਆ ਗਿਆ। ਵਿਭਾਗ ਦੀ ਕਨਵੀਨਰ ਡਾ. ਪਰਮਜੀਤ ਕੌਰ ਨੇ ਮੂਲ ਮੰਤਰ ਦਾ ਪਾਠ ਪੜ੍ਹਦੇ ਹੋਏ ਪ੍ਰੋਗਰਾਮ ਨੂੰ ਆਰੰਭ ਕੀਤਾ।

ਇਸ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਵਜੋਂ ਕਾਲਜ ਦੇ ਸਾਬਕਾ ਪ੍ਰਿੰਸੀਪਲ ਡਾ. ਹਰਮੀਤ ਸਿੰਘ ਅਤੇ ਦਿਆਲ ਸਿੰਘ ਖਾਲਸਾ ਕਾਲਜ ਦੇ ਅਧਿਆਪਕ ਡਾ.ਲਖਵੀਰ ਸਿੰਘ ਨੂੰ ਸੱਦਾ ਦਿੱਤਾ ਗਿਆ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਗੁਰਮਹਿੰਦਰ ਸਿੰਘ ਨੇ ਸਾਬਕਾ ਪ੍ਰਿੰਸੀਪਲ ਡਾ. ਹਰਮੀਤ ਸਿੰਘ ਦਾ ਫੁੱਲਾਂ ਨਾਲ ਸਵਾਗਤ ਕੀਤਾ।

ਡਾ. ਲਖਵੀਰ ਸਿੰਘ ਦਾ ਸਵਾਗਤ ਵਿਭਾਗ ਦੀ ਕਨਵੀਨਰ ਡਾ.ਪਰਮਜੀਤ ਕੌਰ ਨੇ ਕੀਤਾ। ਇਸ ਪ੍ਰੋਗਰਾਮ ਵਿਚ ਵਿਦਿਆਰਥੀਆਂ ਨੂੰ ਖੁੱਲ੍ਹਾ ਮੰਚ ਪ੍ਰਦਾਨ ਕੀਤਾ ਗਿਆ ਜਿਸ ਵਿਚ ਵਿਦਿਆਰਥੀਆਂ ਨੇ ਗੁਰੁ ਨਾਨਕ ਦੇਵ ਜੀ ਦੀਵਿਚਾਰਧਾਰਾ ਨਾਲ ਸੰਬੰਧਤ ਵੱਖ-ਵੱਖ ਪਹਿਲੂਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਪ੍ਰੋਗਰਾਮ ਵਿਚ ਲਗਭਗ 30ਵਿਦਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਵਿਦਿਆਰਥੀਆਂ ਵਿਚੋਂ ਕਈਆਂ ਨੇ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਤ ਕਵਿਤਾਕਵੀਸ਼ਰੀ,ਸ਼ਬਦ,ਧਾਰਮਿਕ ਗੀਤ,ਪੇਪਰ ਰੀਡਿੰਗ ਰਾਹੀਂ ਆਪਣੇ ਵਿਚਾਰ ਪੇਸ਼ ਕੀਤੇ। ਇਹ ਵਿਦਿਆਰਥੀ ਨਾ ਕੇਵਲ ਪੰਜਾਬੀ ਵਿਸ਼ੇ ਨਾਲ ਸੰਬੰਧਤ ਸਨ ਸਗੋਂ ਅੰਗਰੇਜ਼ੀ ਤੇ ਹਿੰਦੀ ਵਿਸ਼ੇ ਨਾਲ ਵੀ ਸੰਬੰਧਤ ਸਨ। ਇਨ੍ਹਾਂ ਵਿਦਿਆਰਥੀਆਂ ਦੇ ਮਨੋਬਲ ਨੂੰ ਵਧਾਉਣ ਲਈ ਇਨਾਮ ਤੇ ਸਰਟੀਫਿਕੇਟ ਵੀ ਵੰਡੇ ਗਏ।

ਇਸ ਪ੍ਰੋਗਰਾਮ ਵਿਚ ਦਿਆਲ ਸਿੰਘ ਖਾਲਸਾ ਕਾਲਜ ਦੇ ਅਧਿਆਪਕ ਡਾ. ਲਖਵੀਰ ਸਿੰਘ ਤੇ ਕਾਲਜ ਦੀ ਹਿੰਦੀ ਵਿਭਾਗ ਦੀ ਅਧਿਆਪਕ ਡਾ. ਹਰਦੀਪ ਕੌਰ ਨੇ ਮੁੱਖ ਜੱਜ ਵਜੋਂ ਭੂਮਿਕਾ ਨਿਭਾਈ।

ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਗੁਰਮਹਿੰਦਰ ਸਿੰਘ ਨੇ ਸ੍ਰੀ ਗੁਰੁ ਨਾਨਕ ਦੇਵ ਜੀ ਦੇ 550 ਵੇਂ ਸਾਲਾ ਪ੍ਰਕਾਸ਼ ਪੁਰਬ ਦੀ ਸਭ ਨੂੰ ਮੁਬਾਰਕ ਦਿੰਦੇ ਹੋਏ ਕਿਹਾ ਕਿ ਇਹ ਦਿਨ ਬੜਾ ਭਾਗਾ ਵਾਲਾ ਹੁੰਦਾ ਹੈ ਜੋ ਕਿਸੇ-ਕਿਸੇ ਦੇ ਹਿੱਸੇ ਆਉਂਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਦਾ ਭਗਤੀ ਕਾਵਿ ਨਾਲ ਸੰਬੰਧ ਬਾਰੇ ਵੀ ਦੱਸਿਆ। ਗੁਰਬਾਣੀ ਦੀ ਸਾਡੀ ਜ਼ਿੰਦਗੀ ਵਿਚ ਸਾਰਥਕਤਾ ਬਾਰੇ ਵੀ ਦੱਸਿਆ। ਕਾਲਜ ਦੇ ਸਾਬਕਾ ਪ੍ਰਿੰਸੀਪਲ ਡਾ. ਹਰਮੀਤ ਸਿੰਘ ਨੇ ਵਿਦਿਆਰਥੀਆਂ ਨੂੰ ਗੁਰੂ ਦੇ ਦੱਸੇ ਅਸੂਲਾਂ ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਇਸ ਦੇ ਨਾਲ ਹੀ ਉਹਨਾਂ ਨੇ ਆਪਣਾ ਗ੍ਰੰਥ 'ਸ੍ਰੀ ਗੁਰੂ ਨਾਨਕ ਪ੍ਰਕਾਸ਼'ਪੰਜਾਬੀ ਵਿਭਾਗ ਨੂੰ ਭੇਟ ਕੀਤਾ। ਇਸ ਗ੍ਰੰਥ ਵਿਚ ਉਹਨਾਂ ਨੇ ਦਸਾਂ ਗੁਰੂਆਂ ਦੀ ਜੀਵਨ ਵਿਆਖਿਆ ਨੂੰ ਪ੍ਰਸਤੁਤ ਕੀਤਾ ਹੈ। ਪੰਜਾਬੀ ਵਿਭਾਗ ਵੱਲੋਂ ਉਹਨਾਂ ਨੂੰ ਇਸ ਗ੍ਰੰਥ ਨੂੰ ਪ੍ਰਸਤੁਤ ਕਰਨ ਦੀ ਮੁਬਾਰਕ ਦਿੱਤੀ ਗਈ।

ਆਏ ਦੂਜੇ ਮੁੱਖ ਮਹਿਮਾਨ ਡਾ. ਲਖਵੀਰ ਸਿੰਘ ਨੇ ਭਾਰਤੀ ਗਿਆਨ ਪਰੰਪਰਾ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ।ਉਨ੍ਹਾਂ ਨੇ ਕਿਤਾਬੀ ਗਿਆਨ ਦੇ ਨਾਲ-ਨਾਲ ਸਮਰੂਪੀ ਗਿਆਨ ਬਾਰੇ ਵੀ ਵਿਦਿਆਰਥੀਆਂ ਨੂੰ ਦੱਸਿਆ। ਉਨ੍ਹਾਂ ਨੇ ਗੁਰੂ ਨਾਨਕ ਬਾਣੀ ਜਪੁਜੀ ਸਾਹਿਬ ਤੇ ਆਸਾ ਦੀ ਵਾਰ ਬਾਰੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਵਿਭਾਗ ਦੀ ਕਨਵੀਨਰ ਡਾ. ਪਰਮਜੀਤ ਕੌਰ ਨੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਬਾਰੇ ਵਿਦਿਆਰਥੀਆਂ ਨੂੰ ਗਿਆਨ ਪ੍ਰਦਾਨ ਕੀਤਾ।

ਇਸ ਦੇ ਨਾਲ ਉਨ੍ਹਾਂ ਨੇ ਵਿਦਿਆਰਥੀਆਂ ਦੇ ਸੰਜੀਦਾ ਹੋਣ ਬਾਰੇ ਵੀ ਆਪਣੇ ਵਿਚਾਰ ਪ੍ਰਸਤੁਤ ਕੀਤੇ ਕਿ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨੂੰ ਆਤਮਸਾਤ ਕਰ ਰਹੇ ਹਨ।ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੀ ਜਾਤ-ਪਾਤ ਸੰਬੰਧੀ ਵਿਚਾਰਧਾਰਾ ਨੂੰ ਪ੍ਰਸਤੁਤ ਕਰਦੇ ਹੋਏ ਕਿਹਾ ਕਿ ਗੁਰੂ ਨਾਨਕ ਦੇਵ ਜੀ ਲਈ ਸਾਰੇ ਮਨੁੱਖ ਇਕ ਸਮਾਨ ਸਨ ਪਰ ਅੱਜ ਅਸੀਂ ਅਨੇਕਾਂ ਜਾਤਾਂ ਵਿਚ ਵੰਡੇ ਹੋਏ ਹਾਂ।ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਉਸ ਅਕਾਲ ਪੁਰਖ ਦੇ ਰਸਤੇ ਤੇ ਚੱਲਣ ਦੀ ਪ੍ਰੇਰਨਾ ਦਿੱਤੀ।ਵਿਭਾਗ ਦੇ ਬਾਕੀ ਅਧਿਆਪਕਾਂ ਡਾ. ਬੇਅੰਤ ਕੌਰ ,ਡਾ.ਜਸਵਿੰਦਰ ਕੌਰ ਬਿੰਦਰਾ,ਡਾ. ਪਰਮਜੀਤ ਕੌਰ ਕੰਬੋਜ,ਡਾ. ਹਰਪ੍ਰੀਤ ਕੌਰ ਨੇ ਵੀ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਈ।